ੴ ਵਾਹਿਗੁਰੂ ਜੀ ਕੀ ਫ਼ਤਹ॥

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ

## ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਸਬੰਧੀ

## ਪ੍ਰੋਫਾਰਮਾ

ਨਾਮ:........................................................................ ਪਿਤਾ ਦਾ ਨਾਮ:.....................................................................

ਪਤਾ:.............................................................................................................................................................

...........................................................................ਫ਼ੋਨ ਨੰਬਰ:.........................................................................

**ਵੱਲ:**
**ਰਾਸ਼ਟਰਪਤੀ ਜੀ, ਭਾਰਤ।**
ਰਾਹੀਂ:
**ਰਾਜਪਾਲ ਜੀ, ਪੰਜਾਬ।**

ਸਤਿਕਾਰਯੋਗ ਜੀ,

ਮੈਂ ਉਕਤ ਦਿੱਤੇ ਵੇਰਵੇ ਅਨੁਸਾਰ ਭਾਰਤ ਦਾ ਵਸਨੀਕ ਹਾਂ ਅਤੇ ਆਪ ਜੀ ਦੇ ਧਿਆਨ ਵਿਚ ਲਿਆਉਣਾ ਚਾਹੁੰਦਾ ਹਾਂ ਕਿ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿਚ ਨਜ਼ਰਬੰਦ ਅਨੇਕ ਸਿੱਖਾਂ ਨੂੰ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਰਿਹਾਅ ਨਾ ਕਰਕੇ ਉਨ੍ਹਾਂ ਨਾਲ ਬੇਇਨਸਾਫ਼ੀ ਕੀਤੀ ਜਾ ਰਹੀ ਹੈ। ਦੇਸ਼ ਦੇ ਕਾਨੂੰਨ ਅਨੁਸਾਰ ਹੀ ਰਾਜੀਵ ਗਾਂਧੀ ਦੇ ਕਾਤਲਾਂ ਨੂੰ ਫਾਂਸੀ ਦੀਆਂ ਸਜ਼ਾਵਾਂ ਦਿੱਤੀਆਂ ਗਈਆਂ ਸੀ, ਪਰ ਉਹ ਰਿਹਾਅ ਕਰ ਦਿੱਤੇ ਗਏ। ਬਿਲਕਿਸ ਬਾਨੋ ਦੇ ਪਰਿਵਾਰ ਦੇ ਕਾਤਲਾਂ ਅਤੇ ਬਲਾਤਕਾਰੀਆਂ ਨੂੰ ਗੁਜਰਾਤ ਸਰਕਾਰ ਵੱਲੋਂ ਰਿਹਾਅ ਕਰ ਦਿੱਤਾ ਗਿਆ ਹੈ। ਸਿੱਖ ਨੌਜੁਆਨਾਂ ਨੂੰ ਝੂਠੇ ਪੁਲਿਸ ਮੁਕਾਬਲਿਆਂ ਵਿਚ ਮਾਰਨ ਦੇ ਦੋਸ਼ੀ ਪੁਲਿਸ ਅਫ਼ਸਰਾਂ ਨੂੰ ਸੀ.ਬੀ.ਆਈ. ਅਦਾਲਤਾਂ ਵੱਲੋਂ ਉਮਰ ਕੈਦ ਦੀਆਂ ਸਜ਼ਾਵਾਂ ਹੋਣ ਤੋਂ ਥੋੜ੍ਹੇ-ਥੋੜ੍ਹੇ ਸਮੇਂ ਬਾਅਦ ਹੀ ਰਿਹਾਅ ਕਰ ਦਿੱਤਾ ਗਿਆ, ਪਰ ਦੂਜੇ ਪਾਸੇ ਕੇਂਦਰ ਸਰਕਾਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਸੰਨ 2019 ਵਿਚ ਕੁਝ ਬੰਦੀ ਸਿੰਘਾਂ ਦੀ ਰਿਹਾਈ ਲਈ ਜਾਰੀ ਕੀਤਾ ਗਿਆ ਆਪਣਾ ਖੁਦ ਦਾ ਨੋਟੀਫਿਕੇਸ਼ਨ ਵੀ ਲਾਗੂ ਨਹੀਂ ਕੀਤਾ ਗਿਆ। ਇਹ ਮਨੁੱਖੀ ਅਧਿਕਾਰਾਂ ਦਾ ਉਲੰਘਣ ਹੈ। ਬੰਦੀ ਸਿੰਘਾਂ ਦੀ ਰਿਹਾਈ ਪ੍ਰਤੀ ਸਰਕਾਰਾਂ ਦੇ ਨਕਾਰਾਤਮਕ ਰਵੱਈਏ ਕਾਰਨ ਸਿੱਖ ਕੌਮ ਅੰਦਰ ਵੱਡਾ ਰੋਸ ਬਣਿਆ ਹੋਇਆ ਹੈ ਅਤੇ ਇਸ ਨਾਲ ਸਰਕਾਰਾਂ ਪ੍ਰਤੀ ਬੇਭਰੋਸਗੀ ਪੈਦਾ ਹੋ ਰਹੀ ਹੈ। ਬੰਦੀ ਸਿੰਘਾਂ ਦਾ ਦੋਸ਼ ਕੇਵਲ ਇਹ ਹੈ ਕਿ ਇਨ੍ਹਾਂ ਨੇ ਤਤਕਾਲੀ ਕਾਂਗਰਸ ਸਰਕਾਰ ਵੱਲੋਂ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਅਨੇਕਾਂ ਗੁਰਦੁਆਰਾ ਸਾਹਿਬਾਨ ’ਤੇ ਕੀਤੇ ਫੌਜੀ ਹਮਲੇ, ਨਵੰਬਰ 1984 'ਚ ਕੀਤੀ ਸਿੱਖ ਨਸਲਕੁਸ਼ੀ ਅਤੇ ਬੇਗੁਨਾਹ ਸਿੱਖਾਂ 'ਤੇ ਢਾਹੇ ਗਏ ਜਬਰ ਦੇ ਰੋਸ ਵਜੋਂ ਸੰਘਰਸ਼ ਦਾ ਰਾਹ ਚੁਣਿਆ ਸੀ। ਇਹ ਬੰਦੀ ਸਿੰਘ ਕੋਈ ਅਪਰਾਧਕ ਪਿਛੋਕੜ ਵਾਲੇ ਨਹੀਂ ਸਨ। ਉਨ੍ਹਾਂ ਨੇ ਧਾਰਮਿਕ ਸੰਵੇਦਨਾ ਨੂੰ ਸੱਟ ਵੱਜਣ ਕਾਰਨ ਇਹ ਕਦਮ ਚੁੱਕੇ ਸਨ।

ਸਿੱਖ ਕੌਮ ਨੂੰ ਇਹ ਦੁੱਖ ਹੈ ਕਿ ਕਰੀਬ ਤਿੰਨ-ਤਿੰਨ ਦਹਾਕੇ ਤੋਂ ਜੇਲ੍ਹਾਂ ’ਚ ਬੰਦ ਸਿੱਖਾਂ ਦੇ ਮਾਮਲਿਆਂ ਨੂੰ ਸਰਕਾਰਾਂ ਵੱਲੋਂ ਜਾਣਬੁਝ ਕੇ ਲਮਕਾਇਆ ਜਾ ਰਿਹਾ ਹੈ। ਉਮਰ ਕੈਦ ਤੋਂ ਦੁਗਣੀਆਂ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਨਾ ਕਰਨਾ ਸੰਵਿਧਾਨ ਦੇ ਵੀ ਉਲਟ ਹੈ।

**ਮੈਂ ਬੰਦੀ ਸਿੰਘਾਂ ਦੀ ਰਿਹਾਈ ਲਈ ਸਿੱਖ ਕੌਮ ਵੱਲੋਂ ਆਰੰਭੀ ਲਹਿਰ ਦਾ ਹਿੱਸਾ ਬਣਦਿਆਂ ਵੱਖ-ਵੱਖ ਜੇਲ੍ਹਾਂ ’ਚ ਬੰਦ ਸਿੰਘਾਂ ਨੂੰ ਤੁਰੰਤ ਰਿਹਾਅ ਕਰਨ ਲਈ ਆਪ ਜੀ ਪਾਸੋਂ ਦਖ਼ਲ ਦੀ ਮੰਗ ਕਰਦਾ ਹਾਂ।**

**ਦਸਤਖ਼ਤ**.................................